**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

**ਸੇਵਾ ਵਿਖੇ**

ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.)

ਮੀਮੋ ਨੰ ਐਮਡੀਐਮ/MHN/2125-64
ਮਿਤੀ ਚੰਡੀਗੜ੍ਹ 19 ਮਈ, 2010

**ਵਿਸ਼ਾ** **ਜ਼ਿਲ੍ਹਾ ਪੱਧਰ ਤੇ ਸਕੂਲ ਹੈਲਥ ਪ੍ਰੋਗਰਾਮ ਸਬੰਧੀ ਹੋਣ ਵਾਲੀ ਮੀਟਿੰਗ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਨੁਮਾਇੰਦਿਆਂ ਦੀ ਗੈਰ-ਹਾਜ਼ਰੀ ਬਾਰੇ ।**

1.0 ਉਪਰੋਕਤ ਵਿਸ਼ੇ ਤੇ ਇਸ ਦਫਤਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ ।

2.0 ਪਿਛਲੇ ਦਿਨੀਂ ਮਾਨਯੋਗ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਜੀ ਨਾਲ ਹੋਈ ਸਿਵਲ ਸੁਰਜਨਾਂ ਦੀ ਮੀਟਿੰਗ ਵਿੱਚ ਇਹ ਗੱਲ ਧਿਆਨ ਵਿੱਚ ਲਿਆਂਦੀ ਗਈ ਕਿ ਸਿਵਲ ਸੁਰਜਨਾਂ ਵੱਲੋਂ ਸਕੂਲ ਹੈਲਥ ਪ੍ਰੋਗਰਾਮ ਅਧੀਨ ਮਹੀਨਾਵਾਰ ਮੀਟਿੰਗਾਂ ਜਦੋਂ ਵੀ ਬੁਲਾਇਆਂ ਜਾਂਦੀਆਂ ਹਨ ਤਾਂ ਜ਼ਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਇਹ ਮੀਟਿੰਗਾਂ ਅਟੈਂਡ ਨਹੀਂ ਕੀਤੀਆਂ ਜਾਂਦੀਆਂ । ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਪਹਿਲਾਂ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਕਿ ਇਹ ਇਕ ਅਹਿਮ ਮੁੱਦਾ ਹੈ ਅਤੇ ਇਸ ਬਾਰੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੂੰ ਲੋੜੀਂਦਾ ਸਹਿਯੋਗ ਦੇਣਾ ਯਕੀਨੀ ਬਣਾਇਆ ਜਾਵੇ ।

3.0 ਆਪ ਜੀ ਨੂੰ ਮੁੜ ਹਦਾਇਤਾਂ ਕੀਤੀਆਂ ਜਾਂਦੀਆਂ ਹਨ ਕਿ ਜਦੋਂ ਸਕੂਲ ਹੈਲਥ ਪ੍ਰੋਗਰਾਮ ਦੀ ਮੀਟਿੰਗ ਲਈ ਬੁਲਾਇਆ ਜਾਵੇ ਤਾਂ ਮੀਟਿੰਗ ਅਟੈਂਡ ਕੀਤੀ ਜਾਵੇ ਅਤੇ ਸਕੂਲਾਂ

ਵਿੱਚ ਪੇਸ਼ ਆ ਰਹੀਆਂ ਔਂਕੜਾ ਤੋਂ ਜਾਣੂ ਕਰਵਾਇਆ ਜਾਵੇ ਅਤੇ ਸਕੂਲ ਹੈਲਥ ਪ੍ਰੋਗਰਾਮ ਵੱਲੋਂ ਜੋ ਮੁੱਦੇ ਇਸ ਮੀਟਿੰਗ ਵਿੱਚ ਉਠਾਏ ਜਾਂਦੇ ਹਨ, ਉਨ੍ਹਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ।

4.0 ਜਿੱਥੇ ਕਿਧਰੇ ਮੁੱਖ ਦਫਤਰ ਤੋਂ ਅਗਵਾਈ ਦੀ ਲੋੜ ਹੋਵੇ, ਉੱਥੇ ਮੁੱਖ ਦਫਤਰ ਨੂੰ ਈਮੇਲ ਰਾਹੀਂ ਸੂਚਿਤ ਕੀਤਾ ਜਾਵੇ ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪਿਠ ਅੰਕਣ ਨੰ ਮਿਤੀ

ਇਸ ਦਾ ਇਕ ਉਤਾਰਾ ਰਾਜ ਦੇ ਸਮੂਹ ਸਿਵਲ ਸੁਰਜਨਾਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਲਈ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਮੀਟਿੰਗਾਂ ਬਾਰੇ ਸੂਚਨਾ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਸਮੇਂ ਸਿਰ ਦਿੱਤੀ ਜਾਵੇ ਅਤੇ ਇਸ ਦਫਤਰ ਨੂੰ ਵੀ ਜਾਣੂ ਕਰਵਾਇਆ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪਿਠ ਅੰਕਣ ਨੰ ਮਿਤੀ

ਇਸ ਦਾ ਇਕ ਉਤਾਰਾ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ